# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :19-02-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਨਤਾ ਨੂੰ ਉਤਸ਼ਾਹਿਤ ਕਰਨ, ਸਮਾਵੇਸ਼ ਨੂੰ ਮਜ਼ਬੂਤ ਕਰਨ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ ਵਾਲੇ ਏ.ਆਈ ਭਵਿੱਖ ਦੇ ਨਿਰਮਾਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।
- ਕੇਂਦਰ ਸਰਕਾਰ ਨੇ ਪੰਜਾਬ ਵਿੱਚ ਛੇ-ਮਾਰਗੀ, ਪਹੁੰਚ-ਨਿਯੰਤਰਿਤ ਗ੍ਰੀਨਫੀਲਡ ਸਪਰ ਦੇ ਨਿਰਮਾਣ ਲਈ ਲਗਭਗ 1463 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ।
- ਰੱਖਿਆ ਖੋਜ ਅਤੇ ਵਿਕਾਸ ਸੰਗਠਨ ਨੇ ਚੰਡੀਗੜ੍ਹ ਵਿੱਚ ਗਗਨਯਾਨ ਪ੍ਰੋਗਰਾਮ ਲਈ ਡ੍ਰੋਗ ਪੈਰਾਸ਼ੂਟ ਦਾ ਯੋਗਤਾ ਲੋਡ ਟੈਸਟ ਦਾ ਸਫਲ ਪ੍ਰੀਖਣ ਕੀਤਾ।

- ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਜਲੰਧਰ ਵਿੱਚ ਅਤਿ-ਆਧੁਨਿਕ ANTF ਰੇਂਜ ਦਫਤਰ ਦਾ ਉਦਘਾਟਨ-ਨੌਜਵਾਨਾਂ ਨੂੰ ਸਮਾਜ ਵਿਰੋਧੀ ਅਨਸਰਾਂ ਦੇ ਅੱਗੇ ਨਾ ਝੁਕਣ ਤੇ ਸੂਬੇ ਨੂੰ ਅਪਰਾਧ ਮੁਕਤ ਬਣਾਉਣ ਵਿੱਚ ਮਦਦ ਕਰਨ ਦੀ ਅਪੀਲ। ਅਤੇ
- ਪੰਜਾਬ ਸਰਕਾਰ ਨੇ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਸਥਾਪਿਤ ਤਿੰਨ ਪ੍ਰੋਸੈਸਿੰਗ ਯੂਨਿਟਾਂ ਦਾ ਕੀਤਾ ਵਿਸਥਾਰ ।

---------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਨਤਾ ਨੂੰ ਉਤਸ਼ਾਹਿਤ ਕਰਨ, ਸਮਾਵੇਸ਼ ਨੂੰ ਮਜ਼ਬੂਤ ਕਰਨ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ ਵਾਲੇ ਏ.ਆਈ ਭਵਿੱਖ ਦੇ ਨਿਰਮਾਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਏ। ਅੱਜ ਦੁਪਹਿਰ ਇੰਡੀਆ ਏ.ਆਈ ਇਮਪੈਕਟ ਸੰਮੇਲਨ ਵਿੱਚ ਨੇਤਾਵਾਂ ਦੇ ਸੰਪੂਰਨ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ, ਸ਼੍ਰੀ ਮੋਦੀ ਨੇ ਕਿਹਾ ਕਿ ਜਦੋਂ ਤਕਨਾਲੋਜੀ ਅਤੇ ਮਨੁੱਖੀ ਵਿਸ਼ਵਾਸ ਨਾਲ-ਨਾਲ ਚੱਲਣਗੇ ਤਾਂ ਹੀ ਦੁਨੀਆ 'ਤੇ ਏ.ਆਈ ਦਾ ਅਸਲ ਪ੍ਰਭਾਵ ਦਿਖਾਈ ਦੇਵੇਗਾ। ਉਨ੍ਹਾਂ ਕਿਹਾ ਕਿ ਏਆਈ ਬਾਰੇ ਭਾਰਤ ਦੀ ਦਿਸ਼ਾ ਤੇ ਇਸਦਾ ਦ੍ਰਿਸ਼ਟੀਕੋਣ ਸਪੱਸ਼ਟ ਏ , ਅਤੇ ਏਆਈ ਸਾਰੀ ਮਨੁੱਖਤਾ ਦੇ ਲਾਭ ਲਈ ਇੱਕ ਸਾਂਝਾ

ਸਰੋਤ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਏ.ਆਈ ਤਕਨਾਲੋਜੀ ਸਾਰਿਆਂ ਲਈ ਪਹੁੰਚਯੋਗ ਹੋਣੀ ਚਾਹੀਦੀ ਏ ਅਤੇ ਇਹ ਹਰ ਦੇਸ਼ ਦਾ ਟੀਚਾ ਹੋਣਾ ਚਾਹੀਦਾ ਏ। ਸ਼੍ਰੀ ਮੋਦੀ ਨੇ ਕਿਹਾ ਕਿ ਆਸਵੰਦ ਭਾਰਤ ਦੀ ਏਆਈ ਦੀ ਵਿਸ਼ਵ ਯਾਤਰਾ ਵਿੱਚ ਇੱਕ ਵੱਡੀ ਭੂਮਿਕਾ ਏ। BYTE:RNU190226

---

ਕੇਂਦਰ ਸਰਕਾਰ ਨੇ ਪੰਜਾਬ ਵਿੱਚ ਛੇ-ਮਾਰਗੀ, ਪਹੁੰਚ-ਨਿਯੰਤਰਿਤ ਗ੍ਰੀਨਫੀਲਡ ਸਪੁਰ ਦੇ ਨਿਰਮਾਣ ਲਈ ਲਗਭਗ 1463 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ ਏ। ਇਸਦਾ ਉਦੇਸ਼ ਪੰਚਕੂਲਾ ਅਤੇ ਮੋਹਾਲੀ ਵਾਲੇ ਚੰਡੀਗੜ੍ਹ ਟ੍ਰਾਈਸਿਟੀ ਖੇਤਰ ਵਿੱਚ ਸੰਪਰਕ ਨੂੰ ਮਹੱਤਵਪੂਰਨ ਤੌਰ 'ਤੇ ਬਿਹਤਰ ਬਣਾਉਣਾ ਅਤੇ ਆਵਾਜਾਈ ਦੀ ਭੀੜ ਨੂੰ ਘਟਾਉਣਾ ਏ। ਨਵਾਂ ਕੋਰੀਡੋਰ ਰਾਸ਼ਟਰੀ ਰਾਜ-ਮਾਰਗ-205-A ਦੇ ਅੰਬਾਲਾ-ਚੰਡੀਗੜ੍ਹ ਹਿੱਸੇ ਨੂੰ ਜ਼ੀਰਕਪੁਰ ਬਾਈਪਾਸ ਨਾਲ ਜੋੜੇਗਾ। ਇਹ ਮੋਹਾਲੀ, ਚੰਡੀਗੜ੍ਹ ਅਤੇ ਪੰਚਕੂਲਾ ਵਿੱਚ ਭੀੜ-ਭੜੱਕੇ ਨੂੰ ਘਟਾਏਗਾ। ਕੇਂਦਰੀ ਸੜਕ ਆਵਾਜਾਈ ਅਤੇ ਰਾਜਮਾਰਗ ਮੰਤਰੀ, ਨਿਤਿਨ ਗਡਕਰੀ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਐਕਸ' 'ਤੇ ਇਸ ਦਾ ਖੁਲਾਸਾ ਕਰਦੇ ਹੋਏ ਕਿਹਾ ਏ ਕਿ ਇਸ ਪ੍ਰੋਜੈਕਟ ਨੂੰ ਵਾਹਨਾਂ ਦੇ ਵਧਦੇ ਭਾਰ ਅਤੇ ਅੰਤਰ-ਰਾਜੀ ਆਵਾਜਾਈ ਕਾਰਨ ਅਕਸਰ ਆਉਣ ਵਾਲੀਆਂ ਰੁਕਾਵਟਾਂ ਨੂੰ ਦੂਰ ਕਰਨ ਲਈ ਤਿਆਰ ਕੀਤਾ ਗਿਆ ਏ। ਉਨ੍ਹਾਂ ਕਿਹਾ ਕਿ ਇਹ ਲਾਂਘਾ

ਹਿਮਾਚਲ ਪ੍ਰਦੇਸ਼, ਖਾਸ ਕਰਕੇ ਸ਼ਿਮਲਾ ਖੇਤਰ ਵੱਲ ਤੇਜ਼ ਅਤੇ ਸੁਚਾਰੂ ਯਾਤਰਾ ਦੀ ਸਹੂਲਤ ਵੀ ਦੇਵੇਗਾ, ਯਾਤਰਾ ਦਾ ਸਮਾਂ ਘਟਾਏਗਾ ਅਤੇ ਖੇਤਰੀ ਆਰਥਿਕ ਏਕੀਕਰਨ ਨੂੰ ਮਜ਼ਬੂਤ ਕਰੇਗਾ। ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਇਸ ਪ੍ਰੋਜੈਕਟ ਦੀ ਪ੍ਰਵਾਨਗੀ ਦਾ ਸਵਾਗਤ ਕਰਦੇ ਹੋਏ ਪ੍ਰਧਾਨ ਮੰਤਰੀ ਅਤੇ ਸ੍ਰੀ ਗਡਕਰੀ ਦਾ ਉਨ੍ਹਾਂ ਦੀ ਦੂਰਦਰਸ਼ੀ ਅਗਵਾਈ ਅਤੇ ਪੰਜਾਬ ਦੇ ਵਿਕਾਸ ਪ੍ਰਤੀ ਅਟੁੱਟ ਵਚਨਬੱਧਤਾ ਲਈ ਧੰਨਵਾਦ ਕੀਤਾ ਏ।

---------------------------------------------------------------------------

ਰੱਖਿਆ ਖੋਜ ਅਤੇ ਵਿਕਾਸ ਸੰਗਠਨ-DRDO ਨੇ ਚੰਡੀਗੜ੍ਹ ਵਿੱਚ ਗਗਨਯਾਨ ਪ੍ਰੋਗਰਾਮ ਲਈ ਡ੍ਰੋਗ ਪੈਰਾਸ਼ੂਟ ਦਾ ਇੱਕ ਯੋਗਤਾ ਲੋਡ ਟੈਸਟ ਦਾ ਸਫਲ ਪ੍ਰੀਖਣ ਕੀਤਾ ਏ। ਰੱਖਿਆ ਮੰਤਰਾਲੇ ਨੇ ਕਿਹਾ ਕਿ ਇਸ ਟੈਸਟ ਨੇ ਵੱਧ ਤੋਂ ਵੱਧ ਉਡਾਣ ਲੋਡ ਤੋਂ ਵੱਧ ਭਾਰ ਲਗਾ ਕੇ ਪੈਰਾਸ਼ੂਟ ਦੀ ਤਾਕਤ ਅਤੇ ਭਰੋਸੇਯੋਗਤਾ ਦੀ ਜਾਂਚ ਕੀਤੀ। ਇਹ ਟੈਸਟ ਪੈਰਾਸ਼ੂਟ ਦੇ ਵਾਧੂ ਡਿਜ਼ਾਈਨ ਸੁਰੱਖਿਆ ਮਾਪਦੰਡਾਂ ਨੂੰ ਦਰਸਾਉਂਦਾ ਏ। ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਗਗਨਯਾਨ ਡ੍ਰੋਗ ਪੈਰਾਸ਼ੂਟ ਦੇ ਸਫਲ ਯੋਗਤਾ ਟੈਸਟ 'ਤੇ ਰੱਖਿਆ ਖੋਜ ਅਤੇ ਵਿਕਾਸ ਸੰਗਠਨ , ਇਸਰੋ ਅਤੇ ਉਦਯੋਗ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਗਗਨਯਾਨ ਡਰੋਨ ਪੈਰਾਸ਼ੂਟ ਦਾ ਇਹ ਸਫਲ ਟੈਸਟ ਇੱਕ ਆਤਮ -ਨਿਰਭਰ ਭਾਰਤ ਦੇ ਦ੍ਰਿਸ਼ਟੀਕੋਣ

ਨੂੰ ਅੱਗੇ ਵਧਾਉਣ ਵੱਲ ਇੱਕ ਹੋਰ ਮਹੱਤਵਪੂਰਨ ਕਦਮ ਏ ।

------------------------------------------------------------------------

ਲੁਧਿਆਣਾ ਵਿੱਚ ਪ੍ਰਸਿੱਧ ਕਿਲਾ ਰਾਏਪੁਰ ਪੇਂਡੂ ਓਲੰਪਿਕ 2026 ਦਾ ਅੱਜ ਆਖਰੀ ਅਤੇ ਸਭ ਤੋਂ ਦਿਲਚਸਪ ਦਿਨ ਰਿਹਾ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਉਨ੍ਹਾਂ ਕਿਹਾ I

BYTE:RNU190226

ਮੁੱਖ ਮੰਤਰੀ ਨੇ ਕਿਹਾ ਕਿ ਖੇਡਾਂ ਦੇ ਮੈਦਾਨ ਸਾਰਿਆਂ ਦੇ ਸਾਂਝੇ ਹੁੰਦੇ ਨੇ ਉਨ੍ਹਾਂ ਸਾਰਿਆਂ ਨੂੰ ਪਿੰਡਾਂ ਵਿੱਚ ਏਕਤਾ ਬਣਾਈ ਰੱਖਣ ਦਾ ਸੱਦਾ ਦਿੱਤਾ। ਅੱਜ, ਆਖਰੀ ਦਿਨ, ਐਥਲੈਟਿਕਸ ਵਿੱਚ 200 ਮੀਟਰ ਦੌੜ, 800 ਮੀਟਰ ਦੌੜ, ਉੱਚੀ ਛਾਲ ਅਤੇ ਸਾਈਕਲ ਦੌੜ ਮੁਕਾਬਲੇ ਕਰਵਾਏ ਗਏ। ਨੈਸ਼ਨਲ ਸਟਾਈਲ ਕਬੱਡੀ ਅਤੇ ਸਰਕਲ ਕਬੱਡੀ ਦੇ ਫਾਈਨਲ ਵਿੱਚ ਕਬੱਡੀ ਅਤੇ ਹਾਕੀ ਦੇ ਮੁਕਾਬਲੇ ਹੋਏ।

------------------------------------------------------------------------

ਪੰਜਾਬ, ਪਾਕਿਸਤਾਨ ਨਾਲ ਨਾਲ ਸਰਹੱਦ ਲਗਣ ਕਾਰਨ, ਦਹਿਸ਼ਤਗਰਦੀ, ਸੰਗਠਿਤ ਅਪਰਾਧ ਅਤੇ ਨਸ਼ੀਲੇ ਪਦਾਰਥ ਦੀਆਂ ਤਿੰਨ ਵੱਡੀਆਂ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਏ ਅਤੇ ਸੂਬਾ ਪੁਲਿਸ ਗੁਆਂਢੀ ਦੇਸ਼ ਵਲੋਂ ਕੀਤੀਆਂ ਜਾ ਰਹੀਆਂ ਸਾਜਿਸ਼ਾਂ ਦਾ ਮੁਕਾਬਲਾ ਕਰਨ ਲਈ ਪੂਰੀ ਤਾਕਤ ਨਾਲ ਚੁਣੌਤੀਆਂ ਦਾ ਸਾਹਮਣਾ ਕਰ ਰਹੀ ਏ। ਜਲੰਧਰ ਵਿੱਚ ਨਸ਼ਿਆਂ ਵਿਰੋਧੀ ਕਾਰਜ ਬਲ -ANTF ਦੇ ਦਫ਼ਤਰ ਦਾ

ਉਦਘਾਟਨ ਦੌਰਾਨ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਕਿਹਾ ਕਿ 'ਆਪ੍ਰੇਸ਼ਨ ਸਿੰਦੂਰ' ਤੋਂ ਬਾਅਦ ਸਰਹੱਦ ਪਾਰ ਤੋਂ ਡਰੋਨਾਂ ਰਾਹੀਂ ਛੋਟੇ ਹਥਿਆਰਾਂ ਦੀ ਖੇਪ ਦੀ ਗਿਣਤੀ 400 ਫੀਸਦੀ ਤੱਕ ਵਧ ਗਈ ਏ । ਪੁਲਿਸ ਮੁਖੀ ਨੇ ਕਿਹਾ ਕਿ ਵਿਦੇਸ਼ ਅਧਾਰਤ ਹੈਂਡਲਰ, ਸੋਸ਼ਲ ਮੀਡੀਆ ਰਾਹੀਂ ਅਤੇ ਨਿੱਜੀ ਤੌਰ 'ਤੇ ਸੂਬੇ ਵਿੱਚ ਅਪਰਾਧ ਕਰਨ ਲਈ 18 ਤੋਂ 30 ਸਾਲ ਦੀ ਉਮਰ ਦੇ ਨੌਜਵਾਨਾਂ ਨੂੰ ਭਰਤੀ ਕਰ ਰਹੇ ਨੇ । ਉਨ੍ਹਾਂ ਕਿਹਾ ਕਿ ਇਨ੍ਹਾਂ ਵਿੱਚੋਂ ਜ਼ਿਆਦਾਤਰ ਨੌਜਵਾਨ ਸਕੂਲ ਛੱਡ ਚੁੱਕੇ ਨੇ ਅਤੇ ਪੈਸੇ ਲਈ ਅਪਰਾਧ ਕਰ ਰਹੇ ਨੇ । ਉਨ੍ਹਾਂ ਨੌਜਵਾਨਾਂ ਨੂੰ ਚੇਤਾਵਨੀ ਦਿੱਤੀ ਕਿ ਉਹ ਸਮਾਜ ਵਿਰੋਧੀ ਅਨਸਰਾਂ ਦੇ ਅੱਗੇ ਨਾ ਝੁਕਣ ਸਗੋਂ ਸੂਬੇ ਨੂੰ ਅਪਰਾਧ ਮੁਕਤ ਬਣਾਉਣ ਵਿੱਚ ਮਦਦ ਕਰਨ। BYTE:RNU190226

ਪੰਜਾਬ ਵਿੱਚ ਵੱਖ-ਵੱਖ ਸਕੂਲਾਂ ਅਤੇ ਹੋਰ ਮਹੱਤਵਪੂਰਨ ਥਾਵਾਂ 'ਤੇ ਬੰਬ ਧਮਾਕੇ ਕਰਨ ਦੀਆਂ ਨਿਯਮਤ ਈਮੇਲਾਂ ਪ੍ਰਾਪਤ ਹੋਣ ਬਾਰੇ, ਸ੍ਰੀ ਯਾਦਵ ਨੇ ਕਿਹਾ ਕਿ ਇਹ ਮੁੱਖ ਤੌਰ 'ਤੇ ਝੂਠੇ ਈਮੇਲ ਨੇ, ਹਾਲਾਂਕਿ ਪੁਲਿਸ ਉਨ੍ਹਾਂ ਨੂੰ ਗੰਭੀਰਤਾ ਨਾਲ ਲੈ ਰਹੀ ਏ । ਉਨ੍ਹਾਂ ਖੁਲਾਸਾ ਕੀਤਾ ਕਿ ਪੰਜਾਬ ਪੁਲਿਸ ਨੇ ਕੁਝ ਕੰਪਿਊਟਰ ਸਰਵਰਾਂ ਦਾ ਪਤਾ ਲਗਾ ਲਿਆ ਏ ਜੋ ਇਹ ਈਮੇਲ ਬੰਗਲਾਦੇਸ਼ ਭੇਜ ਰਹੇ ਸਨ ਅਤੇ ਕੇਂਦਰੀ ਅਤੇ ਅੰਤਰ-ਰਾਸ਼ਟਰੀ

ਏਜੰਸੀਆਂ ਨਾਲ ਤਾਲਮੇਲ ਕਰਕੇ ਉਨ੍ਹਾਂ ਨੂੰ ਲੱਭਣ ਲਈ ਠੀਕ ਦੀਸ਼ਾ ਚ ਏ ।BYTE:RNU190226

ਇਸ ਦੌਰਾਨ, ਉਨ੍ਹਾਂ ਕਿਹਾ ਕਿ ਜਲੰਧਰ ਵਿੱਚ ਸਥਾਪਤ ਕੀਤੀ ਗਈ ਵਿਸ਼ੇਸ਼ ANTF ਯੂਨਿਟ, ਮੁੱਖ ਨਸ਼ਾ ਤਸਕਰਾਂ ਦੀ ਪਛਾਣ ਕਰਨ ਅਤੇ ਪੰਜਾਬ ਵਿੱਚ ਕੰਮ ਕਰ ਰਹੇ ਅੰਤਰ-ਰਾਜੀ ਅਤੇ ਅੰਤਰਰਾਸ਼ਟਰੀ ਡਰੱਗ ਸਿੰਡੀਕੇਟਾਂ ਨੂੰ ਖਤਮ ਕਰਨ ਦੀ ਸਮਰੱਥਾ ਵਿੱਚ ਕਾਫ਼ੀ ਵਾਧਾ ਕਰੇਗੀ। ਇਹ ਪਟਿਆਲਾ ਤੋਂ ਬਾਅਦ ਦੂਜੀ ਅਜਿਹੀ ਯੂਨਿਟ ਏ ਅਤੇ ਕੁਝ ਮਹੀਨਿਆਂ ਦੇ ਅੰਦਰ ਲੁਧਿਆਣਾ ਅਤੇ ਫਿਰੋਜ਼ਪੁਰ ਵਿੱਚ ਦੋ ਹੋਰ ਸਥਾਪਤ ਕੀਤੀਆਂ ਜਾਣਗੀਆਂ। ਪਿछਲੇ ਹਫ਼ਤੇ ਜਲੰਧਰ ਵਿੱਚ ਆਮ ਆਦਮੀ ਪਾਰਟੀ ਨੇਤਾ ਲੱਕੀ ਓਬਰਾਏ ਦੀ ਹੱਤਿਆ ਦੇ ਮੁੱਦੇ 'ਤੇ, ਸ੍ਰੀ ਯਾਦਵ ਨੇ ਕਿਹਾ ਕਿ ਤਿੰਨ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਏ ਜਿਨ੍ਹਾਂ ਵਿੱਚ ਲੌਜਿਸਟਿਕਸ ਸਪਲਾਈ ਕਰਨ ਵਾਲੇ ਵੀ ਸ਼ਾਮਲ ਨੇ । ਉਨ੍ਹਾਂ ਕਿਹਾ ਕਿ ਪੁਲਿਸ ਮੁੱਖ ਮੁਲਜ਼ਮ ਦੇ ਪਿੱਛੇ ਏ ਜੋ ਅਜੇ ਵੀ ਫਰਾਰ ਏ ।

---------------------------------------------------------------------

ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਜ਼ਿਲ੍ਹਾ ਅਤੇ ਹਲਕਾ ਪੱਧਰੀ ਵਪਾਰਕ ਕਮੇਟੀਆਂ ਅਤੇ ਪੁਲਿਸ ਪ੍ਰਸ਼ਾਸਨ ਵਿਚਕਾਰ ਢਾਂਚਾਗਤ ਅਤੇ ਮੁਕੰਮਲ ਤਾਲਮੇਲ ਦੇ

ਨਿਰਦੇਸ਼ ਦਿਤੇ ਨੇ I ਉਨ੍ਹਾਂ ਸਪੱਸ਼ਟ ਕੀਤਾ ਕਿ ਵਪਾਰੀਆਂ ਦੀ ਸੁਰੱਖਿਆ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ ਅਤੇ ਇਹ ਸੂਬੇ ਦੇ ਵਪਾਰ ਕਰਨ ਨੂੰ ਸੌਖਾਲਾ ਬਨਾਉਣ ਦਾ ਮੁੱਖ ਹਿੱਸਾ ਏ । ਅੱਜ ਚੰਡੀਗੜ੍ਹ 'ਚ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਅਤੇ ਆਬਕਾਰੀ ਤੇ ਕਰ ਕਮਿਸ਼ਨਰ ਜਤਿੰਦਰ ਜੋਰਵਾਲ ਦੇ ਨਾਲ ਪੰਜਾਬ ਭਵਨ ਤੋਂ ਉੱਚ ਪੱਧਰੀ ਵੀਡੀਓ ਕਾਨਫਰੰਸ ਦੀ ਪ੍ਰਧਾਨਗੀ ਕਰਦਿਆਂ, ਵਿੱਤ ਮੰਤਰੀ ਨੇ ਵਪਾਰੀ ਵਰਗ ਦੀਆਂ ਸੁਰੱਖਿਆ ਸੰਬੰਧੀ ਸ਼ਿਕਾਇਤਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੀਆਂ ਸਖ਼ਤ ਹਦਾਇਤਾਂ ਜਾਰੀ ਕੀਤੀਆਂ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਜ਼ਿਲ੍ਹਾ ਅਤੇ ਹਲਕਾ ਪੱਧਰੀ ਵਪਾਰੀ ਕਮੇਟੀਆਂ ਦੇ ਅਹੁਦੇਦਾਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਕਾਰੋਬਾਰੀਆਂ ਵਿੱਚ ਵਿਸ਼ਵਾਸ ਪੈਦਾ ਕਰਨ ਅਤੇ ਉਨ੍ਹਾਂ ਨੂੰ ਭਰੋਸਾ ਦਿਵਾਉਣ ਕਿ ਸਰਕਾਰ ਵੱਲੋਂ ਉਨ੍ਹਾਂ ਦੇ ਘਰ-ਦਰਵਾਜ਼ੇ ਤੱਕ ਸਰਗਰਮ ਪਹੁੰਚ ਬਨਾਉਣ ਲਈ ਕੰਮ ਕਰ ਰਹੀ ਹੈ ਤਾਂ ਜੋ ਉਹ ਬਿਨਾਂ ਕਿਸੇ ਡਰ ਜਾਂ ਝਿਜਕ ਦੇ ਆਪਣੀਆਂ ਸਮੱਸਿਆਵਾਂ ਸਾਂਝੀਆਂ ਕਰ ਸਕਣ।

---------------------------------------------------------------------

ਪੰਜਾਬ ਸਰਕਾਰ ਨੇ ਖੇਤੀਬਾੜੀ-ਪ੍ਰੋਸੈਸਿੰਗ ਸੈਕਟਰ ਨੂੰ ਹੋਰ ਮਜ਼ਬੂਤ ਕਰਨ ਅਤੇ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਸਥਾਪਿਤ ਤਿੰਨ ਪ੍ਰੋਸੈਸਿੰਗ ਯੂਨਿਟਾਂ ਵਿੱਚ ਵਿਆਪਕ

ਵਿਸਥਾਰ ਕੀਤਾ ਏ। ਖੇਤੀਬਾੜੀ ਅਤੇ ਫੂਡ ਪ੍ਰੋਸੈਸਿੰਗ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਫਾਜ਼ਿਲਕਾ ਜ਼ਿਲ੍ਹੇ ਦੇ ਪਿੰਡ ਆਲਮਗੜ੍ਹ ਵਿਖੇ ਪੰਜਾਬ ਐਗਰੀ ਐਕਸਪੋਰਟ ਕਾਰਪੋਰੇਸ਼ਨ ਲਿਮਟਿਡ ਵੱਲੋਂ ਸਥਾਪਤ ਕੀਤੀਆਂ ਗਈਆਂ ਤਿੰਨ ਅਹਿਮ ਵਿਸਥਾਰ ਕੀਤੀਆਂ ਯੂਨਿਟਾਂ ਦਾ ਉਦਘਾਟਨ ਕੀਤਾ। ਇਹਨਾਂ ਯੂਨਿਟਾਂ ਵਿੱਚ ਮਿਰਚ ਪ੍ਰੋਸੈਸਿੰਗ ਯੂਨਿਟ, ਸਿਟਰਸ ਪ੍ਰੋਸੈਸਿੰਗ ਯੂਨਿਟ ਅਤੇ ਹਾਈ-ਟੈਕ ਪ੍ਰੋਟੈਕਟਡ ਕਲਟੀਵੇਸ਼ਨ ਨਰਸਰੀ ਸ਼ਾਮਲ ਏ। ਖੇਤੀਬਾੜੀ ਮੰਤਰੀ ਨੇ ਕਿਹਾ ਕਿ ਇਹ ਯੂਨਿਟਾਂ ਨਾ ਸਿਰਫ਼ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨਗੀਆਂ ਬਲਕਿ ਪੰਜਾਬ ਨੂੰ ਉੱਚ-ਮੁੱਲ ਵਾਲੇ ਪ੍ਰੋਸੈਸਡ ਭੋਜਨ ਉਤਪਾਦਾਂ ਲਈ ਇੱਕ ਆਲਮੀ ਕੇਂਦਰ ਵਜੋਂ ਵੀ ਸਥਾਪਿਤ ਕਰਨਗੀਆਂ। ਸ੍ਰੀ ਖੁੱਡੀਆਂ ਨੇ ਦੱਸਿਆ ਕਿ ਆਲਮਗੜ੍ਹ ਵਿੱਚ ਆਪਣੇ ਮੌਜੂਦਾ ਫਲਾਂ ਅਤੇ ਸਬਜ਼ੀਆਂ ਦੇ ਪ੍ਰੋਸੈਸਿੰਗ ਪਲਾਂਟ ਵਿੱਚ ਇੱਕ ਨਵੀਂ ਅਤਿ-ਆਧੁਨਿਕ ਮਿਰਚ ਪ੍ਰੋਸੈਸਿੰਗ ਯੂਨਿਟ ਸਥਾਪਤ ਕੀਤੀ ਜਾ ਰਹੀ ਏ।

---

ਮੋਹਾਲੀ ਜ਼ਿਲੇ ਨੇ ਟੀ.ਬੀ. ਮੁਕਤ ਭਾਰਤ ਅਭਿਆਨ ਤਹਿਤ ਪੰਜਾਬ ਭਰ 'ਚੋਂ ਸਭ ਤੋਂ ਵਧੀਆ ਕਾਰਗੁਜ਼ਾਰੀ ਕੀਤੀ ਏ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇਸ ਪ੍ਰਾਪਤੀ ਲਈ ਮੋਹਾਲੀ ਦੇ ਸਿਵਲ ਸਰਜਨ ਡਾ. ਸੰਗੀਤਾ ਜੈਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ

ਏ। ਡਾ. ਸੰਗੀਤਾ ਜੈਨ ਨੇ ਸਿਹਤ ਮੰਤਰੀ ਦਾ ਧੰਨਵਾਦ ਕੀਤਾ ਤੇ ਨਾਲ ਹੀ ਇਸ ਪ੍ਰਾਪਤੀ ਦਾ ਸਿਹਰਾ ਜ਼ਿਲ੍ਹੇ ਦੇ ਸਿਹਤ ਕਾਮਿਆਂ ਨੂੰ ਦਿੱਤਾ।

ਸਿਵਲ ਸਰਜਨ ਨੇ ਦੱਸਿਆ ਕਿ ਜ਼ਿਲ੍ਹਾ ਐਸ.ਏ.ਐਸ. ਨਗਰ ਵਿਚ TB ਦੇ ਸ਼ੱਕੀ ਮਾਮਲਿਆਂ ਦੀ ਜਾਂਚ ਕਰਨ ਦਾ ਕੰਮ ਪੂਰੀ ਤੇਜ਼ੀ ਨਾਲ ਚੱਲ ਰਿਹਾ ਏ। ਉਨ੍ਹਾਂ ਦੱਸਿਆ ਕਿ ਸਿਹਤ ਟੀਮਾਂ ਵਲੋਂ ਜ਼ਿਲ੍ਹੇ 'ਚ ਵੱਖ-ਵੱਖ ਥਾਈਂ ਜਾਂਚ ਕੈਂਪ ਲਗਾਏ ਜਾ ਰਹੇ ਹਨ, ਜਿਥੇ ਐਕਸਰੇ ਮਸ਼ੀਨ ਨਾਲ ਟੀ.ਬੀ. ਦੀ ਜਾਂਚ ਕੀਤੀ ਜਾਂਦੀ ਏ ਅਤੇ ਥੁੱਕ ਦੇ ਸੈਂਪਲ ਲਏ ਜਾਂਦੇ ਨੇ। ਇਨ੍ਹਾਂ ਨਮੂਨਿਆਂ ਦੀ ਲੈਬ ਵਿਚ ਜਾਂਚ ਕੀਤੀ ਜਾਂਦੀ ਏ ਅਤੇ ਜੇ ਕਿਸੇ ਨੂੰ ਟੀ.ਬੀ. ਹੋਣ ਦੀ ਪੁਸ਼ਟੀ ਹੁੰਦੀ ਏ ਤਾਂ ਉਸ ਦਾ ਇਲਾਜ ਸ਼ੁਰੂ ਕੀਤਾ ਜਾਂਦਾ ਏ। ਉਨ੍ਹਾਂ ਕਿਹਾ ਕਿ ਸਮੇਂ ਸਿਰ ਜਾਂਚ ਹੋਣ ਨਾਲ ਬੀਮਾਰੀ ਦਾ ਸੌਖਿਆਂ ਹੀ ਪਤਾ ਚੱਲ ਜਾਂਦਾ ਏ , ਜਿਸ ਨਾਲ ਇਸ ਬੀਮਾਰੀ ਨੂੰ ਵਧੇਰੇ ਗੰਭੀਰ ਹੋਣ ਤੋਂ ਰੋਕਿਆ ਜਾ ਸਕਦਾ ਏ।

-----------------------------------------------------------------------

ICC ਟਵੈਂਟੀ-ਟਵੈਂਟੀ ਕ੍ਰਿਕਟ ਵਿਸ਼ਵ ਕੱਪ ਦੇ ਸੁਪਰ-8 ਗੇੜ ਦੇ ਮੁਕਾਬਲੇ ਤੈਅ ਹੋ ਗਏ ਨੇ। ਗਰੁੱਪ-A ਵਿੱਚ ਭਾਰਤ, ਦੱਖਣੀ ਅਫਰੀਕਾ, ਵੈਸਟਇੰਡੀਜ਼ ਅਤੇ ਜ਼ਿੰਬਾਬਵੇ ਸ਼ਾਮਲ ਨੇ , ਜਦੋਂ ਕਿ ਗਰੁੱਪ-B ਵਿੱਚ ਇੰਗਲੈਂਡ, ਨਿਊਜ਼ੀਲੈਂਡ, ਪਾਕਿਸਤਾਨ ਅਤੇ ਸ੍ਰੀਲੰਕਾ ਸ਼ਾਮਲ ਨੇ। ਅੱਠ ਟੀਮਾਂ ਸ਼ਨੀਚਰਵਾਰ ਤੋਂ ਸ਼ੁਰੂ ਹੋਣ ਵਾਲੇ ਸੈਮੀਫਾਈਨਲ ਵਿੱਚ ਜਗ੍ਹਾ

ਬਣਾਉਣ ਲਈ ਖੇਡਣਗੀਆਂ। ਹਰੇਕ ਗਰੁੱਪ ਦੀਆਂ ਚੋਟੀ ਦੀਆਂ ਦੋ ਟੀਮਾਂ ਸੈਮੀਫਾਈਨਲ ਵਿੱਚ ਪਹੁੰਚਣਗੀਆਂ। ਭਾਰਤ ਦਾ ਅਗਲਾ ਮੁਕਾਬਲਾ ਐਤਵਾਰ ਨੂੰ ਅਹਿਮਦਾਬਾਦ ਵਿੱਚ, ਦੱਖਣੀ ਅਫਰੀਕਾ ਨਾਲ ਹੋਵੇਗਾ। ਇਹ ਸੁਪਰ-8 ਵਿੱਚ ਭਾਰਤ ਦਾ ਪਹਿਲਾ ਮੈਚ ਹੋਵੇਗਾ।

---------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨਵੀਨਤਾ ਨੂੰ ਉਤਸ਼ਾਹਿਤ ਕਰਨ, ਸਮਾਵੇਸ਼ ਨੂੰ ਮਜ਼ਬੂਤ ਕਰਨ ਅਤੇ ਮਨੁੱਖੀ ਕਦਰਾਂ-ਕੀਮਤਾਂ ਨੂੰ ਅਪਣਾਉਣ ਵਾਲੇ ਏ.ਆਈ ਭਵਿੱਖ ਦੇ ਨਿਰਮਾਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।
  - ਕੇਂਦਰ ਸਰਕਾਰ ਨੇ ਪੰਜਾਬ ਵਿੱਚ ਛੇ-ਮਾਰਗੀ, ਪਹੁੰਚ-ਨਿਯੰਤਰਿਤ ਗ੍ਰੀਨਫੀਲਡ ਸਪਰ ਦੇ ਨਿਰਮਾਣ ਲਈ ਲਗਭਗ 1463 ਕਰੋੜ ਰੁਪਏ ਦੀ ਰਕਮ ਮਨਜ਼ੂਰ ਕੀਤੀ।
  - ਰੱਖਿਆ ਖੋਜ ਅਤੇ ਵਿਕਾਸ ਸੰਗਠਨ ਨੇ ਚੰਡੀਗੜ੍ਹ ਵਿੱਚ ਗਗਨਯਾਨ ਪ੍ਰੋਗਰਾਮ ਲਈ ਡ੍ਰੋਗ ਪੈਰਾਸ਼ੂਟ ਦਾ ਯੋਗਤਾ ਲੋਡ ਟੈਸਟ ਦਾ ਸਫਲ ਪ੍ਰੀਖਣ ਕੀਤਾ।
  - ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਵਲੋਂ ਜਲੰਧਰ ਵਿੱਚ ਅਤਿ-ਆਧੁਨਿਕ ANTF ਰੇਂਜ ਦਫਤਰ ਦਾ ਉਦਘਾਟਨ-ਨੌਜਵਾਨਾਂ ਨੂੰ

ਸਮਾਜ ਵਿਰੋਧੀ ਅਨਸਰਾਂ ਦੇ ਅੱਗੇ ਨਾ ਝੁਕਣ ਤੇ ਸੂਬੇ ਨੂੰ ਅਪਰਾਧ ਮੁਕਤ ਬਣਾਉਣ ਵਿੱਚ ਮਦਦ ਕਰਨ ਦੀ ਅਪੀਲ। ਅਤੇ

- ਪੰਜਾਬ ਸਰਕਾਰ ਨੇ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਫ਼ਾਜ਼ਿਲਕਾ ਜ਼ਿਲ੍ਹੇ ਵਿੱਚ ਸਥਾਪਿਤ ਤਿੰਨ ਪ੍ਰੋਸੈਸਿੰਗ ਯੂਨਿਟਾਂ ਦਾ ਕੀਤਾ ਵਿਸਥਾਰ ।

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ**

**ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**